ਪ੍ਰਭਾਤੀ ਭਗਤ ਬੇਣੀ ਜੀ ਕੀ ੴ ਸਤਿਗੁਰ ਪ੍ਰਸਾਦਿ ॥ ਤਨਿ ਚੰਦਨੁ ਮਸਤਕਿ ਪਾਤੀ ॥ ਰਿਦ ਅੰਤਰਿ ਕਰ ਤਲ ਕਾਤੀ ॥ ਠਗ ਦਿਸਟਿ ਬਗਾ ਲਿਵ ਲਾਗਾ ॥ ਦੇਖਿ ਬੈਸਨੋ ਪ੍ਰਾਨ ਮੁਖ ਭਾਗਾ ॥ ੧॥ ਕਲਿ ਭਗਵਤ ਬੰਦ ਚਿਰਾਂਮੰ ॥ ਕ੍ਰੂਰ ਦਿਸਟਿ ਰਤਾ ਨਿਸਿ ਬਾਦੰ ॥੧॥ ਰਹਾਉ ॥ ਨਿਤਪ੍ਰਤਿ ਇਸਨਾਨੁ ਸਰੀਰੰ ॥ ਦੁਇ ਧੋਤੀ ਕਰਮ ਮੁਖਿ ਖੀਰੰ ॥ ਰਿਦੈ ਛੁਰੀ ਸੰਧਿਆਨੀ ॥ ਪਰ ਦਰਬੁ ਹਿਰਨ ਕੀ ਬਾਨੀ ॥੨॥ ਸਿਲ ਪੂਜਸਿ ਚਕ੍ਰ ਗਣੇਸੰ ॥ ਨਿਸਿ ਜਾਗਸਿ ਭਗਤਿ ਪ੍ਰਵੇਸੰ ॥ ਪਗ ਨਾਚਸਿ ਚਿਤੁ ਅਕਰਮੰ ॥ ਏ ਲੰਪਟ ਨਾਚ ਅਧਰਮੰ ॥੩॥ ਮ੍ਰਿਗ ਆਸਣੁ ਤੁਲਸੀ ਮਾਲਾ ॥ ਕਰ ਊਜਲ ਤਿਲਕੁ ਕਪਾਲਾ ॥ ਰਿਦੈ ਕੂੜੁ ਕੰਠਿ ਰੁਦ੍ਰਾਖੰ ॥ ਰੇ ਲੰਪਟ ਕ੍ਰਿਸਨੁ ਅਭਾਖੰ ॥੪॥ ਜਿਨਿ ਆਤਮ ਤਤੁ ਨ ਚੀਨ੍ਹਿਆ ॥ ਸਭ ਫੋਕਟ ਧਰਮ ਅਬੀਨਿਆ ॥ ਕਹੁ ਬੇਣੀ ਗੁਰਮੁਖਿ ਧਿਆਵੈ ॥ ਬਿਨੁ ਸਤਿਗੁਰ ਬਾਟ ਨ ਪਾਵੈ ॥੫॥੧॥ {ਪੰਨਾ 1351}

ਪਦ ਅਰਥ:- ਤਨਿ—ਸਰੀਰ ਉੱਤੇ। ਮਸਤਕਿ—ਮੱਥੇ ਉੱਤੇ। ਪਾਤੀ—ਤੁਲਸੀ ਦੇ ਪੱਤਰ। ਰਿਦ—ਹਿਰਦਾ। ਕਰ ਤਲ—ਹੱਥਾਂ ਦੀਆਂ ਤਲੀਆਂ ਉੱਤੇ, ਹੱਥਾਂ ਵਿਚ। ਕਾਤੀ—ਕੈਂਚੀ। ਦਿਸਟਿ—ਨਜ਼ਰ, ਤੱਕ। ਬਗਾ—ਬਗਲਾ। ਦੇਖਿ—ਵੇਖ ਕੇ, ਵੇਖਣ ਨੂੰ। ਪ੍ਰਾਨ—ਸੁਆਸ। ਭਾਗਾ—ਨੱਸ ਗਏ ਹਨ।1।

ਕਲਿ—ਕਲਜੁਗ ਵਿਚ। ਚਿਰਾਮੰ—ਚਿਰ ਤੱਕ। ਕ੍ਰੂਰ—ਟੇਢੀ। ਰਤਾ—ਮਸਤ। ਨਿਸ—(ਭਾਵ) ਨਿਸਿ ਦਿਨ, ਰਾਤ ਦਿਨੇ, ਹਰ ਵੇਲੇ। ਬਾਦੰ—ਝਗੜਾ, ਮਾਇਆ ਲਈ ਝਗੜਾ, ਮਾਇਆ ਲਈ ਦੌੜ-ਭੱਜ।1। ਰਹਾਉ।

ਨਿਤ ਪ੍ਰਤਿ—ਸਦਾ। ਮੁਖਿ ਖੀਰੰ—ਮੂੰਹ ਵਿਚ ਦੁੱਧ ਹੈ, ਦੂਧਾਧਾਰੀ ਹੈ। ਸੰਧਿਆਨੀ—ਤੱਕ ਕੇ ਰੱਖੀ ਹੋਈ ਹੈ, ਨਿਸ਼ਾਨਾ ਬੰਨ੍ਹ ਕੇ ਰੱਖੀ ਹੋਈ ਹੈ। ਦਰਬੁ—ਧਨ। ਹਿਰਨ—ਚੁਰਾਉਣਾ। ਬਾਨੀ—ਆਦਤ।2।

ਨਿਸਿ—ਰਾਤ ਨੂੰ। ਭਗਤਿ—ਰਾਸਾਂ ਦੀ ਭਗਤੀ। ਪਗ—ਪੈਰਾਂ ਨਾਲ। ਅਕਰਮੰ—ਮੰਦੇ ਕੰਮਾਂ ਵਿਚ। ਏ ਲੰਪਟ—ਹੇ ਵਿਸ਼ਈ! ਅਧਰਮੰ—ਧਰਮ ਲਈ ਨਹੀਂ।3।

ਮ੍ਰਿਗ—ਹਿਰਨ। ਕਰ ਊਜਲ—ਸਾਫ਼ ਹੱਥਾਂ ਨਾਲ। ਕਪਾਲਾ—ਮੱਥੇ ਉੱਤੇ। ਕੰਠਿ—ਗਲ ਵਿਚ। ਕ੍ਰਿਸਨੁ—ਪਰਮਾਤਮਾ। ਅਭਾਖੰ—ਅ+ਭਾਖੰ, ਨਹੀਂ ਬੋਲਦਾ, ਨਹੀਂ ਸਿਮਰਦਾ।4।

ਜਿਨਿ—ਜਿਸ ਮਨੁੱਖ ਨੇ। ਤਤੁ—ਅਸਲੀਅਤ। ਅਬੀਨਿਆ—ਅੰਨ੍ਹੇ ਦੇ। ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ। ਬਾਟ—ਜੀਵਨ ਦਾ ਸਹੀ ਰਸਤਾ।5।1।

ਅਰਥ:- (ਹੇ ਵਿਸ਼ਈ ਮਨੁੱਖ! ਤੂੰ ਉਂਞ ਤਾਂ) ਕਲਜੁਗੀ ਸੁਭਾਵ ਵਿਚ ਪ੍ਰਵਿਰਤ ਹੈਂ, ਪਰ ਮੂਰਤੀ ਨੂੰ ਚਿਰ ਤੱਕ ਨਮਸਕਾਰ ਕਰਦਾ ਹੈਂ, ਤੇਰੀ ਨਜ਼ਰ ਟੇਢੀ ਹੈ (ਤੇਰੀ ਨਿਗਾਹ ਵਿਚ ਖੋਟ ਹੈ), ਦਿਨ ਰਾਤ ਤੂੰ ਮਾਇਆ ਦੇ ਧੰਧਿਆਂ ਵਿਚ ਰੱਤਾ ਹੋਇਆ ਹੈਂ (ਤੇਰੀਆਂ ਇਹ ਮੂਰਤੀ ਨੂੰ ਬੰਦਨਾਂ ਕਿਸ ਅਰਥ?)।1। ਰਹਾਉ।

(ਹੇ ਲੰਪਟ!) ਤੂੰ ਸਰੀਰ ਉੱਤੇ ਚੰਦਨ (ਦਾ ਲੇਪ ਕਰਦਾ ਹੈਂ) ਮੱਥੇ ਉੱਤੇ ਤੁਲਸੀ ਦੇ ਪੱਤਰ (ਲਾਂਦਾ ਹੈਂ; ਪਰ) ਤੇਰੇ ਹਿਰਦੇ ਵਿਚ (ਇਉਂ ਕੁਝ ਹੋ ਰਿਹਾ ਹੈ ਜਿਵੇਂ) ਤੇਰੇ ਹੱਥਾਂ ਵਿਚ ਕੈਂਚੀ ਫੜੀ ਹੋਈ ਹੈ; ਤੇਰੀ ਨਿਗਾਹ ਠੱਗਾਂ ਵਾਲੀ ਬਗਲੇ ਵਾਂਗ ਤੂੰ ਸਮਾਧੀ ਲਾਈ ਹੋਈ ਹੈ, ਵੇਖਣ ਨੂੰ ਤੂੰ ਵੈਸ਼ਨੋ ਜਾਪਦਾ ਹੈਂ ਜਿਵੇਂ ਤੇਰੇ ਮੂੰਹ ਵਿਚੋਂ ਸੁਆਸ ਭੀ ਨਿਕਲ ਗਏ ਹਨ (ਭਾਵ, ਵੇਖਣ ਨੂੰ ਤੂੰ ਬੜਾ ਹੀ ਦਇਆਵਾਨ ਜਾਪਦਾ ਹੈਂ)।1।

(ਹੇ ਵਿਸ਼ਈ ਮਨੁੱਖ!) ਤੂੰ ਹਰ ਰੋਜ਼ ਆਪਣੇ ਸਰੀਰ ਨੂੰ ਇਸ਼ਨਾਨ ਕਰਾਂਦਾ ਹੈਂ, ਦੋ ਧੋਤੀਆਂ ਰੱਖਦਾ ਹੈਂ, (ਹੋਰ) ਕਰਮ ਕਾਂਡ (ਭੀ ਕਰਦਾ ਹੈਂ), ਦੂਧਾਧਾਰੀ (ਬਣਿਆ ਹੋਇਆ) ਹੈਂ; ਪਰ ਆਪਣੇ ਹਿਰਦੇ ਵਿਚ ਤੂੰ ਛੁਰੀ ਕੱਸ ਕੇ ਰੱਖੀ ਹੋਈ ਹੈ, ਤੈਨੂੰ ਪਰਾਇਆ ਧਨ ਠੱਗਣ ਦੀ ਆਦਤ ਪਈ ਹੋਈ ਹੈ।2।

(ਹੇ ਲੰਪਟ!) ਤੂੰ ਸਿਲਾ ਪੂਜਦਾ ਹੈਂ, ਸਰੀਰ ਉੱਤੇ ਤੂੰ ਗਣੇਸ਼ ਦੇਵਤੇ ਦੇ ਨਿਸ਼ਾਨ ਬਣਾਏ ਹੋਏ ਹਨ, ਰਾਤ ਨੂੰ ਰਾਸਾਂ ਵਿਚ (ਭਗਤੀ ਵਜੋਂ) ਜਾਗਦਾ ਭੀ ਹੈਂ, ਉਥੇ ਪੈਰਾਂ ਨਾਲ ਤੂੰ ਨੱਚਦਾ ਹੈਂ, ਪਰ ਤੇਰਾ ਚਿੱਤ ਮੰਦੇ ਕਰਮਾਂ ਵਿਚ ਹੀ ਮਗਨ ਰਹਿੰਦਾ ਹੈ, ਹੇ ਲੰਪਟ! ਇਹ ਨਾਚ ਕੋਈ ਧਰਮ (ਦਾ ਕੰਮ) ਨਹੀਂ ਹੈ।3।

ਹੇ ਵਿਸ਼ਈ ਮਨੁੱਖ! (ਪੂਜਾ ਪਾਠ ਵੇਲੇ) ਤੂੰ ਹਿਰਨ ਦੀ ਖੱਲ ਦਾ ਆਸਣ (ਵਰਤਦਾ ਹੈਂ), ਤੁਲਸੀ ਦੀ ਮਾਲਾ ਤੇਰੇ ਪਾਸ ਹੈ, ਸਾਫ਼ ਹੱਥਾਂ ਨਾਲ ਤੂੰ ਮੱਥੇ ਉੱਤੇ ਤਿਲਕ ਲਾਂਦਾ ਹੈਂ, ਗਲ ਵਿਚ ਤੂੰ ਰੁਦ੍ਰਾਖ ਦੀ ਮਾਲਾ ਪਾਈ ਹੋਈ ਹੈ, ਪਰ ਤੇਰੇ ਹਿਰਦੇ ਵਿਚ ਠੱਗੀ ਹੈ। (ਹੇ ਲੰਪਟ! ਇਸ ਤਰ੍ਹਾਂ) ਤੂੰ ਹਰੀ ਨੂੰ ਸਿਮਰ ਨਹੀਂ ਰਿਹਾ ਹੈਂ।4।

ਹੇ ਬੇਣੀ! ਇਹ ਗੱਲ ਸੱਚ ਹੈ ਕਿ ਜਿਸ ਮਨੁੱਖ ਨੇ ਆਤਮਾ ਦੀ ਅਸਲੀਅਤ ਨੂੰ ਨਹੀਂ ਪਛਾਣਿਆ, ਉਸ ਅੰਨ੍ਹੇ ਦੇ ਸਾਰੇ ਕਰਮ-ਧਰਮ ਫੋਕੇ ਹਨ। ਉਹੀ ਮਨੁੱਖ ਸਿਮਰਨ ਕਰਦਾ ਹੈ ਜੋ ਗੁਰੂ ਦੇ ਸਨਮੁਖ ਹੁੰਦਾ ਹੈ, ਗੁਰੂ ਤੋਂ ਬਿਨਾ ਜ਼ਿੰਦਗੀ ਦਾ ਸਹੀ ਰਾਹ ਨਹੀਂ ਲੱਭਦਾ।5।1।

ਨੋਟ:- ਇਸ ਸ਼ਬਦ ਦੇ ਲਫ਼ਜ਼ਾਂ ਨੂੰ ਰਤਾ ਗਹੁ ਨਾਲ ਵੇਖੋ; ਕਿਸੇ ਚੰਗੇ ਵਿਦਵਾਨ ਦੇ ਮੂੰਹੋਂ ਨਿਕਲੇ ਦਿੱਸਦੇ ਹਨ। ਬੇਣੀ ਜੀ ਜਾਤਿ ਦੇ ਬ੍ਰਾਹਮਣ ਸਨ, ਵਿਦਵਾਨ ਬ੍ਰਾਹਮਣ ਸਨ। ਬ੍ਰਾਹਮਣ ਦੇ ਵਿਛਾਏ ਹੋਏ ਕਰਮ-ਕਾਂਡ ਦੇ ਜਾਲ ਨੂੰ ਨਸ਼ਰ ਕਰ ਰਹੇ ਹਨ। ਇਹ ਸੂਰਮੇ ਮਰਦ ਦਾ ਹੀ ਕੰਮ ਹੋ ਸਕਦਾ ਸੀ ਕਿ ਆਪਣੇ ਜਾਤਿ-ਭਾਈ ਬ੍ਰਾਹਮਣਾਂ ਦੇ ਨਾਲ ਮਿਲ ਕੇ ਇਸ ਕਰਮ-ਕਾਂਡੀ ਜਾਲ ਤੋਂ ਮਾਇਕ ਉਠਾਣ ਦੇ ਥਾਂ, ਬੇਣੀ ਜੀ ਨੇ ਇਸ ਦਾ ਥੋਥਾ-ਪਨ ਜ਼ਾਹਰ ਕਰ ਦਿੱਤਾ। ਇਸ ਸੂਰਮੇ ਮਰਦ ਦੀ ਇਹ ਦਲੇਰੀ ਹੀ ਸੀ, ਜਿਸ ਨੇ ਸਤਿਗੁਰੂ ਨਾਨਕ ਪਾਤਿਸ਼ਾਹ ਦੇ ਹਿਰਦੇ ਵਿਚ ਖਿੱਚ ਪਾਈ। ਪਹਿਲੀ 'ਉਦਾਸੀ' ਵਿਚ ਗੁਰੂ ਨਾਨਕ ਸਾਹਿਬ ਨੇ ਬੇਣੀ ਜੀ ਦੇ ਸ਼ਬਦ ਲਿਆਂਦੇ ਸਨ, ਅਤੇ ਆਪਣੀ ਬਾਣੀ ਨਾਲ ਸਾਂਭ ਕੇ ਰੱਖੇ ਸਨ। ਬੇਣੀ ਜੀ ਕਿਸੇ ਪਖੰਡੀ ਦਾ ਨਕਸ਼ਾ ਖਿੱਚ ਰਹੇ ਹਨ ਕਿ ਕਿਵੇਂ ਬਾਹਰੋਂ ਧਾਰਮਿਕ ਭੇਖ ਧਾਰ ਕੇ ਅੰਦਰੋਂ ਕਾਤੀ ਚਲਾਂਦਾ ਹੈ।

ਇਸੇ ਹੀ ਰਾਗ ਵਿਚ ਸਤਿਗੁਰੂ ਨਾਨਕ ਦੇਵ ਜੀ ਦਾ ਸ਼ਬਦ ਨੰ: 14 ਗਹੁ ਨਾਲ ਪੜ੍ਹ ਕੇ ਵੇਖੋ। ਇਹਨਾਂ ਦੋਹਾਂ ਸ਼ਬਦਾਂ ਵਿਚ ਬੜੀ ਡੂੰਘੀ ਸਾਂਝ ਹੈ:

(1) ਦੋਹਾਂ ਸ਼ਬਦਾਂ ਦੇ ਪੰਜ ਪੰਜ ਬੰਦ ਹਨ,
(2) ਹਰੇਕ ਬੰਦ ਵਿਚ ਚਾਰ ਚਾਰ ਤੁਕਾਂ ਹਨ,
(3) ਤੁਕਾਂ ਦੀ ਬਨਾਵਟ ਤਕਰੀਬਨ ਇਕੋ ਜਿਹੀ ਹੈ,
(4) ਬੇਣੀ ਜੀ ਤਾਂ ਕਿਸੇ ਪਖੰਡੀ ਦਾ ਹਾਲ ਦੱਸਦੇ ਹਨ, ਗੁਰੂ ਨਾਨਕ ਦੇਵ ਜੀ 'ਗੁਰਮੁਖ' ਦਾ ਜੀਵਨ ਬਿਆਨ ਕਰਦੇ ਹਨ; ਵੇਖੋ ਟਾਕਰਾ ਕਰ ਕੇ—
. . ਬੇਣੀ ਜੀ . . . . . . . . . . ਗੁਰੂ ਨਾਨਕ ਸਾਹਿਬ
(ੳ) ਪਖੰਡੀ ਦੇ . . . . . . . . . . ਗੁਰਮੁਖ ਦੇ
. . 'ਤਨਿ ਚੰਦਨੁ' . . . . . . . 'ਨਾਮ ਬਿਨਾ ਤਨਿ ਕਿਛੁ ਨ ਸੁਖਾਵੈ'
(ਅ) 'ਮੁਖਿ ਖੀਰੰ' . . . . . . . . 'ਪੈਨਣੁ ਖਾਣਾ ਚੀਤਿ ਨ ਪਾਈ'
(ੲ) 'ਦੁਇ ਧੋਤੀ ਕਰਮ' . . . . . .'ਕੀਰਤਿ ਕਰਮ ਕਾਰ ਜਿਨ ਸੰਦਾ'

(ਸ) 'ਪਗ ਨਾਚਸਿ ਚਿਤੁ ਅਕਰਮੰ . . 'ਗੀਤ ਨਾਦ ਹਰਖ ਚਤੁਰਾਈ।

. . . . . . . . . . . . . . . . . . . ਚੀਤਿ ਨ ਪਾਈ। '

ਇਹਨਾਂ ਦੋਹਾਂ ਸ਼ਬਦਾਂ ਦੀ ਇਸ ਸਾਂਝ ਤੋਂ ਸਾਫ਼ ਪਰਗਟ ਹੈ ਕਿ ਸਤਿਗੁਰੂ ਨਾਨਕ ਸਾਹਿਬ ਨੇ ਜਦੋਂ ਇਹ ਸ਼ਬਦ ਨੰ: 14 ਉਚਾਰਿਆ ਸੀ, ਉਹਨਾਂ ਦੇ ਪਾਸ ਬੇਣੀ ਜੀ ਦਾ ਇਹ ਸ਼ਬਦ ਮੌਜੂਦ ਸੀ।

ਪ੍ਰਭਾਤੀ ਰਾਗ ਵਿਚ ਗੁਰੂ ਨਾਨਕ ਦੇਵ ਜੀ ਦਾ ਉਹ ਸ਼ਬਦ ਨੰ: 14 ਇਉਂ ਹੈ:

ਗੀਤ ਨਾਦ ਹਰਖ ਚਤੁਰਾਈ ॥ ਰਹਸ ਰੰਗ ਫੁਰਮਾਇਸਿ ਕਾਈ ॥ ਪੈਨ੍ਣੁ ਖਾਣਾ ਚੀਤਿ ਨ ਪਾਈ ॥ ਸਾਚੁ ਸਹਜੁ ਸੁਖੁ ਨਾਮਿ ਵਸਾਈ ॥1॥ ਕਿਆ ਜਾਨਾਂ ਕਿਆ ਕਰੈ ਕਰਾਵੈ ॥ ਨਾਮ ਬਿਨਾ ਤਨਿ ਕਿਛੁ ਨ ਸੁਖਾਵੈ ॥ਰਹਾਉ॥ ਜੋਗ ਬਿਨੋਦ ਸ੍ਵਾਦ ਆਨੰਦਾ ॥ ਮਤਿ ਸਤ ਭਾਇ ਭਗਤਿ ਗੋਬਿੰਦਾ ॥ ਕੀਰਤਿ ਕਰਮ ਕਾਰ ਨਿਜ ਸੰਦਾ ॥ ਅੰਤਰਿ ਰਵਤੌ ਰਾਜ ਰਵਿੰਦਾ ॥2॥ ਪ੍ਰਿਉ ਪ੍ਰਿਉ ਪ੍ਰੀਤਿ ਪ੍ਰੇਮਿ ਉਰਧਾਰੀ ॥ ਦੀਨਾਨਾਥੁ ਪੀਉ ਬਨਵਾਰੀ ॥ ਅਨਦਿਨੁ ਨਾਮੁ ਦਾਨੁ ਬ੍ਰਤ ਕਾਰੀ ॥ ਤਿਪਤਿ ਤਰੰਗੀ, ਤਤੁ ਬੀਚਾਰੀ ॥3॥ ਅਕਥੌ ਕਥਉ, ਕਿਆ ਮੈ ਜੋਰੁ ॥ ਭਗਤਿ ਕਰੀ, ਕਰਾਇਹਿ ਮੋਰ ॥ ਅੰਤਰਿ ਵਸੈ, ਚੂਕੈ ਮੈ ਮੋਰ ॥ ਕਿਸੁ ਸੇਵੀ, ਦੂਜਾ ਨਹੀ ਹੋਰੁ ॥4॥ ਗੁਰ ਕਾ ਸਬਦੁ, ਮਹਾ ਰਸੁ ਮੀਠਾ ॥ ਐਸਾ ਅੰਮ੍ਰਿਤੁ ਅੰਤਰਿ ਡੀਠਾ ॥ ਜਿਨਿ ਚਾਖਿਆ, ਪੂਰਾ ਪਦੁ ਹੋਇ ॥ ਨਾਨਕ ਧ੍ਰਾਪਿਓ, ਤਨਿ ਸੁਖੁ ਹੋਇ ॥5॥14॥

ਆਸਾ ਦੀ ਵਾਰ ਦੀ ਪਉੜੀ ਨੰ: 14 ਦਾ ਦੂਜਾ ਸਲੋਕ ਭੀ ਪੜ੍ਹੋ:

ਪੜਿ ਪੁਸਤਕ ਸੰਧਿਆ ਬਾਦੰ ॥ ਸਿਲ ਪੂਜਸਿ ਬਗੁਲ ਸਮਾਧੰ ॥ ਮੁਖਿ ਝੂਠੁ ਬਿਭੂਖਣ ਸਾਰੰ ॥ ਤ੍ਰੈਪਾਲ ਤਿਹਾਲ ਬਿਚਾਰੰ ॥ ਗਲਿ ਮਾਲਾ ਤਿਲਕ ਲਿਲਾਟੰ ॥ ਦੁਇ ਧੋਤੀ ਬਸਤ੍ਰ ਕਪਾਟੰ ॥ ਜੇ ਜਾਣਸਿ ਬ੍ਰਹਮੰ ਕਰਮੰ ॥ ਸਭਿ ਫੋਕਟ ਨਿਸਚਉ ਕਰਮੰ ॥ ਕਹੁ ਨਾਨਕ ਨਿਹਚਉ ਧਿਆਵੈ ॥ ਵਿਣੁ ਸਤਿਗੁਰ ਵਾਟ ਨ ਪਾਵੈ ॥2॥14॥

ਬੇਣੀ ਜੀ ਦੇ ਸ਼ਬਦ ਨਾਲ ਇਸ ਨੂੰ ਰਲਾ ਕੇ ਵੇਖੋ। ਮਜ਼ਮੂਨ ਰਲਦਾ ਹੈ, ਚਾਲ ਰਲਦੀ ਹੈ, ਕਈ ਲਫ਼ਜ਼ ਸਾਂਝੇ ਹਨ, ਅਖ਼ੀਰਲੀ ਤੁਕ ਦੀ ਸਾਂਝ ਤਾਂ ਕਮਾਲ ਦੀ ਹੈ। ਵਿਰੋਧੀ ਸੱਜਣ ਜੇ ਇਸ ਸਲੋਕ ਨੂੰ ਬੇਣੀ ਜੀ ਦੇ ਸ਼ਬਦ ਨਾਲ ਰਲਾ ਕੇ ਪੜ੍ਹਨ ਦੀ ਖੇਚਲ ਕਰਦਾ, ਤਾਂ ਇਹ ਨਾਹ ਲਿਖਦਾ ਕਿ ਇਸ ਸ਼ਬਦ ਵਿਚੋਂ 'ਗੁਰਮਤਿ ਦੇ ਕਿਸੇ ਸਿੱਧਾਂਤ ਉਤੇ ਚਾਨਣਾ ਨਹੀਂ ਪੈਂਦਾ'।